## ਦਫ਼ਤਰ ਕਾਰਜਕਾਰੀ ਇੰਜੀਨੀਅਰ ਪੰਚਾਇਤੀ ਰਾਜ ਲੋਕ ਨਿਰਮਾਣ ਮੰਡਲ ਲੁਧਿਆਣਾ

ਵੱਲ

Manager
B.B.S.B Convent School
Chakar (Jagraon)

ਮੀਮੋ ਨੰ:ਪਰਡ/ਲ/2025/ 1313 ਮਿਤੀ: 27/5/25

ਵਿਸ਼ਾ:- ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।

ਉਪਰੋਕਤ ਵਿਸ਼ੇ ਸਬੰਧੀ ਆਪ ਜੀ ਵੱਲੋਂ ਦਿੱਤੀ ਗਈ ਪ੍ਰਤੀ ਬੇਨਤੀ ਦੇ ਆਧਾਰ ਅਤੇ ਆਪ ਵੱਲੋਂ ਪੇਸ਼ ਕੀਤੇ ਗਏ ਨਕਸ਼ੇ ਅਤੇ ਸਬੰਧਤ ਉਪ ਮੰਡਲ ਅਫਸਰ ਵੱਲੋਂ ਕੀਤੀ ਰਿਪੋਰਟ ਅਨੁਸਾਰ ਬਿਲਡਿੰਗ ਵੇਖਣ ਨੂੰ ਸੁਰੱਖਿਅਤ ਜਾਪਦੀ ਹੈ ਅਤੇ ਇਹ ਇਮਾਰਤ ਸਮਰੱਥ ਵਰਤਣ ਯੋਗ ਹੈ, ਦੇ ਆਧਾਰ ਤੇ ਮਿਤੀ 31/03/2026 ਤੱਕ ਬਿਲਡਿੰਗ ਸੇਫਟੀ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ ਕਿ:-

1) ਆਪ ਇਸ ਸਮੇ ਦੌਰਾਨ ਇਸ ਬਿਲਡਿੰਗ ਦੇ ਪੇਸ਼ ਕੀਤੇ ਨਕਸ਼ੇ ਵਿੱਚ ਕੋਈ ਵਾਧਾ ਜਾਂ ਤਰਮੀਮ ਨਹੀਂ ਕਰੋਗੇ। ਜੇਕਰ ਆਪ ਦੀ ਸੰਸਥਾ ਵੱਲੋਂ ਅਜਿਹਾ ਕੀਤਾ ਗਿਆ ਤਾਂ ਇਹ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ ਅਤੇ ਆਪ ਨੂੰ ਨਵਾਂ ਸਕੂਲ ਸਰਟੀਫਿਕੇਟ ਜਾਰੀ ਕਰਵਾਉਣ ਹਿੱਤ ਦੁਬਾਰਾ ਤੋਂ ਅਪਲਾਈ ਕਰਨਾ ਹੋਵੇਗਾ।
2) ਜੇਕਰ ਆਪ ਵੱਲੋਂ ਇਸ ਬਿਲਡਿੰਗ ਵਿੱਚ ਕਿਸੇ ਕਿਸਮ ਦਾ ਵਾਧਾ ਜਾਂ ਤਰਮੀਮ ਕੀਤਾ ਜਾਂਦਾ ਹੈ ਤਾਂ ਇਹ ਕਿਸੇ ਸਰਟੀਫਾਇਡ ਇੰਜੀਨੀਅਰ ਦੀ ਦੇਖ-ਰੇਖ ਵਿੱਚ ਅਤੇ ਇਸ ਦਫਤਰ ਨੂੰ ਸੂਚਨਾ ਦਿੰਦਿਆਂ ਹੋਇਆ ਕਰਵਾਇਆ ਜਾਵੇ। ਵਾਧਾ ਮੁਕੰਮਲ ਹੋਣ ਉਪਰੰਤ ਆਪ ਇਹ ਸਰਟੀਫਿਕੇਟ ਦੁਬਾਰਾ ਤੋਂ ਜਾਰੀ ਕਰਵਾਉਗੇ।
3) ਜੇਕਰ ਕਿਸੇ ਕੁਦਰਤੀ ਕਾਰਨਾਂ ਕਰਕੇ ਇਸ ਇਮਾਰਤ ਨੂੰ ਕਿਸੇ ਕਿਸਮ ਦਾ ਨੁਕਸਾਨ ਪਹੁੰਚਦਾ ਹੈ ਤਾਂ ਇਸ ਦਫਤਰ ਨੂੰ ਫੌਰੀ ਤੌਰ ਤੇ ਸੂਚਨਾ ਦਿੱਤੀ ਜਾਵੇ ਜੀ।
4) ਇਹ ਸਰਟੀਫਿਕੇਟ ਮਿਤੀ 31-03-2026 ਤੱਕ ਹੀ ਵੈਲਿਡ ਹੋਵੇਗਾ। ਇਹ ਬਿਲਡਿੰਗ ਵੱਖਰੇ ਤੌਰ ਤੇ ਸਮਰੱਥ ਲੋਕਾਂ ਲਈ ਵਰਤੋਂ ਯੋਗ ਹੈ।
5) ਸੜਕ ਤੋਂ ਸਕੂਲ ਤੱਕ ਅਤੇ ਸੜਕ ਕਰਾਸਿੰਗ ਲਈ ਲੋੜੀਂਦੇ ਪ੍ਰਬੰਧ ਸਹੀ ਢੰਗ ਨਾਲ ਕੀਤੇ ਜਾਣ ਅਤੇ ਲੋੜੀਂਦੇ ਨਿਸ਼ਾਨ ਚਿੰਨ ਅਤੇ ਨਿਸ਼ਾਨ ਬੋਰਡ ਆਪਣੇ ਪੱਧਰ ਤੇ ਲਗਾਏ ਜਾਣੇ ਯਕੀਨੀ ਬਣਾਏ ਜਾਣ।
6) ਮਾਨਯੋਗ ਸੁਪਰੀਮ ਕੋਰਟ ਆਫ ਇੰਡੀਆ ਵੱਲੋਂ ਜਾਰੀ ਸਕੂਲ ਬੱਸਾਂ ਵਿੱਚ ਸੁਰੱਖਿਆ ਸਬੰਧੀ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।
7) ਪਾਰਕਿੰਗ ਲਈ ਇੰਤਜ਼ਾਮ ਸਕੂਲ ਅਥਾਰਟੀ ਆਪਣੇ ਪੱਧਰ ਤੇ ਕਰੇਗੀ, ਜਿਸ ਨਾਲ ਪਬਲਿਕ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਹੀਂ ਆਉਣੀ ਚਾਹੀਦੀ ਹੈ।

27/5/25

ਕਾਰਜਕਾਰੀ ਇੰਜੀਨੀਅਰ,
ਪੰਚਾਇਤੀ ਰਾਜ ਲੋਕ ਨਿਰਮਾਣ ਮੰਡਲ,
ਲੁਧਿਆਣਾ